# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 18-03-2024**

- ਲੋਕ ਸਭਾ ਚੋਣਾਂ ਤੋਂ ਪਹਿਲਾਂ ਚੋਣ ਕਮਿਸ਼ਨ ਨੇ ਹਿਮਾਚਲ ਪ੍ਰਦੇਸ਼ ਸਮੇਤ ਛੇ ਸੂਬਿਆਂ ਦੇ ਗ੍ਰਹਿ ਸਕੱਤਰਾਂ ਅਤੇ ਪੱਛਮੀ ਬੰਗਾਲ ਦੇ ਡੀ. ਜੀ. ਪੀ. ਨੂੰ ਹਟਾ ਦਿੱਤਾ ਏ।
- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ, ਲੋਕ ਸਭਾ ਚੋਣਾਂ - 2024 ਦੇ ਜ਼ਰੂਰੀ ਪਹਿਲੂਆਂ ਤੋਂ ਜਾਣੂੰ ਕਰਵਾਉਣ ਲਈ ਸੂਬੇ ਦੀਆਂ ਪ੍ਰਮੁੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਅੱਜ ਇਕ ਮੀਟਿੰਗ ਕੀਤੀ।
- ਹੁਸ਼ਿਆਰਪੁਰ ਜ਼ਿਲੇ ਵਿਚ ਕਲ ਸ਼ਹੀਦ ਹੋਏ ਪੰਜਾਬ ਪੁਲਿਸ ਦੇ ਸੀ.ਆਈ.ਏ ਸਟਾਫ਼ ਦੇ ਕਾਂਸਟੇਬਲ ਅੰਮ੍ਰਿਤਪਾਲ ਸਿੰਘ ਦਾ, ਦਸੂਹਾ ਵਿੱਚ ਉਸ ਦੇ ਜੱਦੀ ਪਿੰਡ ਜੰਡੋਰ ਵਿਖੇ ਅੱਜ ਸਰਕਾਰੀ ਸਨਮਾਨਾਂ ਨਾਲ ਅੰਤਿਮ ਸੰਸਕਾਰ ਕੀਤਾ ਗਿਆ।

---

ਲੋਕ ਸਭਾ ਚੋਣਾਂ ਤੋਂ ਪਹਿਲਾਂ ਚੋਣ ਕਮਿਸ਼ਨ ਨੇ, ਅੱਜ ਛੇ ਸੂਬਿਆਂ ਦੇ ਗ੍ਰਹਿ ਸਕੱਤਰਾਂ ਅਤੇ ਪੱਛਮੀ ਬੰਗਾਲ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ ਨੂੰ ਹਟਾ ਦਿੱਤਾ ਏ। ਸੂਤਰਾਂ ਨੇ ਦੱਸਿਆ ਕਿ ਗੁਜਰਾਤ, ਉੱਤਰ ਪ੍ਰਦੇਸ਼, ਬਿਹਾਰ, ਝਾਰਖੰਡ, ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਵਿੱਚ ਗ੍ਰਹਿ ਸਕੱਤਰਾਂ ਨੂੰ ਹਟਾ ਦਿੱਤਾ ਗਿਆ ਏ। ਮਿਜ਼ੋਰਮ ਅਤੇ ਹਿਮਾਚਲ ਪ੍ਰਦੇਸ਼ ਵਿੱਚ, ਜਨਰਲ ਪ੍ਰਸ਼ਾਸਨਿਕ ਵਿਭਾਗ ਦੇ ਸਕੱਤਰਾਂ ਦਾ ਵੀ ਤਬਾਦਲਾ ਕਰ ਦਿੱਤਾ ਗਿਆ ਏ। ਇਸ ਤੋਂ ਇਲਾਵਾ ਕਮਿਸ਼ਨ ਨੇ, ਵਰਿਹਦ ਮੁੰਬਈ ਦੇ ਮਿਉਂਸਪਲ ਕਮਿਸ਼ਨਰ ਇਕਬਾਲ ਸਿੰਘ ਚਾਹਲ ਦੇ ਨਾਲ-ਨਾਲ ਵਧੀਕ ਕਮਿਸ਼ਨਰਾਂ ਅਤੇ ਡਿਪਟੀ ਕਮਿਸ਼ਨਰਾਂ ਨੂੰ ਹਟਾਉਣ ਦੇ ਹੁਕਮ ਵੀ ਦਿੱਤੇ ਨੇ।

---

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਲੋਕ ਸਭਾ ਚੋਣਾਂ-2024 ਦੇ ਜ਼ਰੂਰੀ ਪਹਿਲੂਆਂ ਤੋਂ ਜਾਣੂੰ ਕਰਵਾਉਣ ਲਈ ਸੂਬੇ ਦੀਆਂ ਪ੍ਰਮੁੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਅੱਜ ਇਕ ਮੀਟਿੰਗ

ਕੀਤੀ । ਉਨ੍ਹਾਂ ਦਿਵਯਾਂਗ ਅਤੇ 85 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਵੋਟਰਾਂ ਨੂੰ ਘਰ ਤੋਂ ਵੋਟ ਪਾਉਣ ਦੀ ਚੋਣ ਕਰਨ ਦੇ ਅਧਿਕਾਰ ਬਾਰੇ ਦੱਸਿਆ । ਇਲੈਕਟ੍ਰਾਨਿਕ ਵੋਟਿੰਗ ਮਸ਼ੀਨ (ਈਵੀਐਮ) ਦੀ ਉਪਲਬਧਤਾ ਬਾਰੇ, ਸਿਬਿਨ ਸੀ ਨੇ ਦੱਸਿਆ ਕਿ ਸੂਬੇ ਵਿਚ 150 ਫ਼ੀਸਦੀ ਈਵੀਐਮ ਦੀ ਉਪਲਬਧਤਾ ਏ, ਜਿਹੜੀ ਜਰੂਰਤ ਤੋਂ 50 ਫ਼ੀਸਦੀ ਵੱਧ ਏ । ਇਸ ਤੋਂ ਇਲਾਵਾ, ਉਨ੍ਹਾਂ ਭਰੋਸਾ ਦਿੱਤਾ ਕਿ ਸਾਰੇ ਪੋਲਿੰਗ ਸਟੇਸ਼ਨਾਂ ਨੂੰ ਜ਼ਰੂਰੀ ਸਹੂਲਤਾਂ ਜਿਵੇਂ ਕਿ ਰੈਂਪ, ਪਾਣੀ ਦੀ ਸਪਲਾਈ, ਉਚਿਤ ਰੋਸ਼ਨੀ ਦੇ ਪ੍ਰਬੰਧ ਅਤੇ ਪਖਾਨੇ ਆਦਿ ਨਾਲ ਲੈਸ ਕੀਤਾ ਜਾਵੇਗਾ । ਉਨ੍ਹਾਂ ਕਿਹਾ ਕਿ ਸਾਰੇ ਪੋਲਿੰਗ ਸਟੇਸ਼ਨ ਵੋਟਰਾਂ ਦੇ ਪਤੇ ਤੋਂ 2 ਕਿਲੋਮੀਟਰ ਦੇ ਅੰਦਰ ਸੁਵਿਧਾਜਨਕ ਤੌਰ 'ਤੇ ਸਥਿਤ ਹੋਣਗੇ । ਮੁੱਖ ਚੋਣ ਅਧਿਕਾਰੀ ਨੇ ਚੋਣ ਪ੍ਰਕਿਰਿਆ ਦੀਆਂ ਵੱਖ-ਵੱਖ ਗੱਲਾਂ ਬਾਰੇ ਵਿਸਥਾਰ ਨਾਲ ਦੱਸਦਿਆਂ ਲੋਕ ਸਭਾ ਚੋਣਾਂ ਲਈ ਉਮੀਦਵਾਰ ਦੀ ਯੋਗਤਾ, ਅਯੋਗਤਾ ਦੇ ਉਪਬੰਧ (ਸੰਵਿਧਾਨਕ ਅਤੇ ਵਿਧਾਨਕ), ਨਾਮਜ਼ਦਗੀ ਪ੍ਰਕਿਰਿਆਵਾਂ, ਨਾਮਜ਼ਦਗੀਆਂ ਨੂੰ ਰੱਦ ਕਰਨ ਦੇ ਆਧਾਰ ਅਤੇ ਨਾਮਜ਼ਦਗੀਆਂ ਵਾਪਸ ਲੈਣ ਦੇ ਨਿਯਮਾਂ ਦੇ ਨਾਲ-ਨਾਲ ਚੋਣ ਨਿਸ਼ਾਨ ਅਲਾਟਮੈਂਟ ਨਿਯਮਾਂ ਬਾਰੇ ਪੂਰੀ ਜਾਣਕਾਰੀ ਦਿੱਤੀ । ਸਿਬਿਨ ਸੀ ਨੇ ਆਦਰਸ਼ ਚੋਣ ਜ਼ਾਬਤੇ ਦੇ ਮੁੱਖ ਉਪਬੰਧਾਂ ਦੀ ਰੂਪਰੇਖਾ ਬਾਰੇ ਵੀ ਦੱਸਿਆ ਅਤੇ ਅਪੀਲ ਕੀਤੀ ਕਿ ਸਿਆਸੀ ਪਾਰਟੀਆਂ ਅਤੇ ਉਮੀਦਵਾਰਾਂ ਨੂੰ

ਨਫ਼ਰਤ ਭਰੇ ਭਾਸ਼ਣ, ਧਾਰਮਿਕ ਜਾਂ ਜਾਤੀ ਅਧਾਰਤ ਵੋਟ ਮੰਗਣ, ਵਿਰੋਧੀਆਂ 'ਤੇ ਨਿੱਜੀ ਹਮਲਿਆਂ ਜਾਂ ਗੈਰ-ਪ੍ਰਮਾਣਿਤ ਰਿਪੋਰਟਾਂ ਦੇ ਆਧਾਰ 'ਤੇ ਆਲੋਚਨਾ ਤੋਂ ਬਚਣਾ ਚਾਹੀਦਾ ਏ। ਉਨ੍ਹਾਂ ਮੀਟਿੰਗਾਂ ਅਤੇ ਹੋਰ ਸਮਾਗਮਾਂ ਲਈ ਜ਼ਿਲ੍ਹਾ ਅਧਿਕਾਰੀਆਂ ਤੋਂ ਅਗਾਊਂ ਇਜਾਜ਼ਤ ਲੈਣ ਬਾਰੇ ਵੀ ਕਿਹਾ। ਸੁਵਿਧਾ ਪੋਰਟਲ ਅਤੇ ਨਾਮਜ਼ਦਗੀ ਪ੍ਰਕਿਰਿਆ ਨੂੰ ਸਰਲ ਬਣਾਉਣ ਅਤੇ ਰਾਜਨੀਤਿਕ ਪਾਰਟੀਆਂ ਲਈ ਵੱਖ-ਵੱਖ ਇਜਾਜ਼ਤਾਂ ਪ੍ਰਾਪਤ ਕਰਨ ਵਿੱਚ ਇਸਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ ਗਈ। ਸੁਵਿਧਾ ਪੋਰਟਲ ਰਾਹੀਂ ਉਮੀਦਵਾਰ ਆਨਲਾਈਨ ਨਾਮਜ਼ਦਗੀਆਂ ਅਤੇ ਹਲਫੀਆ ਬਿਆਨ ਦਾਖਲ ਕਰ ਸਕਦੇ ਹਨ, ਦਸਤਾਵੇਜ਼ ਜਮ੍ਹਾਂ ਕਰਵਾਉਣ ਲਈ ਰਿਟਰਨਿੰਗ ਅਫਸਰਾਂ ਨਾਲ ਮੀਟਿੰਗਾਂ ਦਾ ਸਮਾਂ ਤੈਅ ਕਰ ਸਕਦੇ ਹਨ ਅਤੇ ਪ੍ਰਸ਼ਾਸਨਿਕ ਪ੍ਰਕਿਰਿਆਵਾਂ ਨੂੰ ਸੁਚਾਰੂ ਬਣਾ ਸਕਦੇ ਹਨ। ਮੀਟਿੰਗ ਵਿੱਚ ਵਧੀਕ ਮੁੱਖ ਚੋਣ ਅਧਿਕਾਰੀ ਹਰੀਸ਼ ਨਈਅਰ ਤੇ ਅਭਿਜੀਤ ਕਪਲਿਸ਼, ਸੰਯੁਕਤ ਸੀ ਈ ਓ ਸਕੱਤਰ ਸਿੰਘ ਬੱਲ ਅਤੇ ਸੀ ਈ ਓ ਦਫ਼ਤਰ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

---------------------------------------------------

ਪੰਜਾਬ ਵਿੱਚ ਲੋਕ ਸਭਾ ਚੋਣਾਂ ਲਈ 7ਵੇਂ ਅਤੇ ਆਖਰੀ ਪੜਾਅ ਵਿੱਚ

ਪਹਿਲੀ ਜੂਨ ਨੂੰ ਵੋਟਾਂ ਪੈਣਗੀਆਂ । ਬੀਤੇ ਪਹਿਲੀ ਮਾਰਚ ਤੱਕ ਸੂਬੇ ਵਿੱਚ ਵੋਟਰਾਂ ਦੀ ਕੁੱਲ ਗਿਣਤੀ 2 ਕਰੋੜ 12 ਲੱਖ 71 ਹਜ਼ਾਰ ਤੋਂ ਵੱਧ ਏ।

---------------------------------------------------

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਕਿਹਾ ਏ ਕਿ ਆਉਂਦੀਆਂ ਲੋਕ ਸਭਾ ਚੋਣਾਂ ਲਈ 'ਆਪ' ਨੇ ਚੋਣ ਪ੍ਰਚਾਰ ਨੂੰ ਤੇਜ਼ ਕਰ ਦਿੱਤਾ ਏ । 'ਆਪ' ਵਰਕਰਾਂ ਤੇ ਵਲੰਟੀਅਰਾਂ ਵੱਲੋਂ ਸੂਬੇ ਦੀਆਂ ਸਾਰੀਆਂ ਲੋਕ ਸਭਾ ਸੀਟਾਂ 'ਤੇ ਘਰ-ਘਰ ਜਾ ਕੇ 'ਆਪ' ਸਰਕਾਰ ਵੱਲੋਂ ਦੋ ਸਾਲਾਂ ਵਿੱਚ ਕੀਤੇ ਕੰਮਾਂ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਦੋ ਸਾਲਾਂ ਵਿੱਚ ਕੀਤੇ ਕੰਮਾਂ ਤੋਂ ਬੇਹੱਦ ਖੁਸ਼ ਨੇ ।

---------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਅੱਜ ਅੰਮ੍ਰਿਤਸਰ ਵਿਖੇ ਹੋਈ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ 'ਚ ਖ਼ਾਲਸਈ ਜਾਹੋ ਜਲਾਲ ਦੇ ਪ੍ਰਤੀਕ ਹੋਲੇ ਮਹੱਲੇ ਨੂੰ

ਧਾਰਮਿਕ ਪ੍ਰੰਪਰਾਵਾਂ ਅਨੁਸਾਰ ਮਨਾਉਣ ਦੀ ਅਪੀਲ ਕਰਦਿਆਂ ਇਸ ਮੌਕੇ ਕਿਸੇ ਵੀ ਤਰ੍ਹਾਂ ਦੀ ਹੁਲੜਬਾਜ਼ੀ ਤੋਂ ਦੂਰ ਰਹਿਣ ਲਈ ਕਿਹਾ ਗਿਆ। ਇਸ ਦੇ ਨਾਲ ਹੀ ਤੀਸਰੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ ਗੁਰਦੁਆਰਾ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਇਕ ਵਿਸ਼ੇਸ਼ ਦਫ਼ਤਰ ਖੋਲ੍ਹਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਏ। ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ’ਤੇ ਹੋਲਾ ਮਹੱਲਾ ਮਨਾਉਣ ਦੀ ਪ੍ਰੰਪਰਾ ਆਰੰਭ ਕੀਤੀ ਸੀ। ਉਨ੍ਹਾਂ ਕਿਹਾ ਕਿ ਹਰ ਸਾਲ ਹੋਲੇ ਮਹੱਲੇ ਮੌਕੇ ਵੱਡੀ ਗਿਣਤੀ ’ਚ ਸੰਗਤਾਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਪ੍ਰਗਟਾਉਂਦੀਆਂ ਨੇ। ਪਿਛਲੇ ਕੁਝ ਸਮੇਂ ਤੋਂ ਕੁਝ ਸ਼ਰਾਰਤੀ ਲੋਕ ਗੁਰੂ ਘਰ ਦੀ ਮਰਯਾਦਾ ਉਲਟ ਹੁਲੜਬਾਜ਼ੀ ਕਰਕੇ ਸੰਗਤਾਂ ਲਈ ਪ੍ਰੇਸ਼ਾਨੀ ਪੈਦਾ ਕਰਦੇ ਨੇ। ਉਨਾਂ ਕਿਹਾ ਕਿ ਹੋਲਾ ਮਹੱਲਾ ਖਾਲਸਾਈ ਜਾਹੋ ਜਲਾਲ ਦਾ ਪ੍ਰਤੀਕ ਏ, ਜਿਸ ਨੂੰ ਧਾਰਮਿਕ ਪ੍ਰੰਪਰਾਵਾਂ ਅਨੁਸਾਰ ਹੀ ਮਨਾਉਣਾ ਚਾਹੀਦਾ ਏ। ਉਨ੍ਹਾਂ ਨੌਜੁਆਨੀ ਨੂੰ ਅਪੀਲ ਕੀਤੀ ਕਿ ਉਹ ਗੁਰੂ ਘਰ ਜਾਣ ਸਮੇਂ ਮਰਯਾਦਾ ਦਾ ਖਿਆਲ ਰੱਖਣ ਅਤੇ ਕਿਸੇ ਤਰ੍ਹਾਂ ਦੀ ਹੁਲੜਬਾਜ਼ੀ ਤੋਂ ਦੂਰ ਰਹਿਣ।

---

ਹੁਸ਼ਿਆਰਪੁਰ ਜ਼ਿਲੇ ਦੇ ਮੁਕੇਰੀਆਂ ਲਾਗੇ ਪਿੰਡ ਮੰਸੂਰਪੁਰ ਵਿਖੇ ਬੀਤੇ ਕੱਲ੍ਹ ਸ਼ਹੀਦ ਹੋਏ ਪੰਜਾਬ ਪੁਲਿਸ ਦੇ ਸੀ.ਆਈ.ਏ ਸਟਾਫ਼ ਦੇ ਕਾਂਸਟੇਬਲ ਅੰਮ੍ਰਿਤਪਾਲ ਸਿੰਘ ਦਾ ਜ਼ਿਲ੍ਹੇ ਦੀ ਤਹਿਸੀਲ ਦਸੂਹਾ ਵਿੱਚ ਉਸ ਦੇ ਜੱਦੀ ਪਿੰਡ ਜੰਡੋਰ ਵਿਖੇ ਅੱਜ ਸਰਕਾਰੀ ਸਨਮਾਨਾਂ ਅੰਤਿਮ ਸੰਸਕਾਰ ਕਰ ਦਿੱਤਾ ਗਿਆ । ਪੁਲਿਸ ਦੀ ਜਲੰਧਰ ਰੇਂਜ ਦੇ ਕਮਿਸ਼ਨਰ ਐਸ.ਭੂਪਤੀ, ਜ਼ਿਲੇ ਦੇ ਐਸ.ਐਸ.ਪੀ ਸੁਰਿੰਦਰ ਲਾਂਬਾ ਤੇ ਏ.ਡੀ.ਸੀ ਰਾਹੁਲ ਚੱਬਾ ਸਮੇਤ ਹੋਰ ਪਤਵੰਤੇ ਇਸ ਮੌਕੇ ਤੇ ਮੌਜੂਦ ਰਹੇ। ਐੱਸ.ਐੱਸ.ਪੀ ਸੁਰਿੰਦਰ ਲਾਂਬਾ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਮ੍ਰਿਤਕ ਦੇ ਪਰਿਵਾਰ ਨੂੰ ਪੰਜਾਬ ਸਰਕਾਰ ਵੱਲੋਂ ਇਕ ਕਰੋੜ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਗਈ ਏ ਜਦਕਿ ਪੰਜਾਬ ਪੁਲਿਸ ਵੱਲੋਂ ਇਕ ਕਰੋੜ ਰੁਪਏ ਦਿੱਤੇ ਜਾਣਗੇ ਅਤੇ ਪਰਿਵਾਰ ਦੇ ਇੱਕ ਮੈਂਬਰ ਨੂੰ ਨੌਕਰੀ ਦਿੱਤੀ ਜਾਵੇਗੀ। ਇਸ ਦੌਰਾਨ ਸੂਬੇ ਦੇ ਡਾਇਰੇਕਟਰ ਜਨਰਲ ਪੁਲਿਸ ਗੌਰਵ ਯਾਦਵ ਨੇ ਅੰਮ੍ਰਿਤਪਾਲ ਸਿੰਘ ਨੂੰ ਸ਼ਰਧਾਂਜਲੀ ਦਿੱਤੀ। ਆਪਣੇ ਇਕ ਟਵੀਟ ਵਿਚ ਉਨਾਂ ਕਿਹਾ ਕਿ ਸੀ.ਆਈ.ਏ. ਹੁਸ਼ਿਆਰਪੁਰ ਪੁਲਿਸ ਦੇ ਸ਼ਹੀਦ ਸੀ.ਟੀ.ਅੰਮ੍ਰਿਤਪਾਲ ਸਿੰਘ ਨੂੰ ਸਲਾਮ, ਜਿਨ੍ਹਾਂ ਡਿਊਟੀ ਦੌਰਾਨ ਆਪਣੀ ਜਾਨ ਕੁਰਬਾਨ ਕਰ ਦਿੱਤੀ। ਉਨਾਂ ਕਿਹਾ ਕਿ ਦੁੱਖ ਦੀ ਘੜੀ

ਵਿੱਚ ਪੁਲਿਸ ਉਨ੍ਹਾਂ ਦੇ ਪਰਿਵਾਰ ਦੇ ਨਾਲ ਖੜੀ ਏ ਅਤੇ ਉਨ੍ਹਾਂ ਦੀ ਹਮਾਇਤ ਲਈ ਸਭ ਕੁਝ ਕੀਤਾ ਜਾਵੇਗਾ।

---------------------------------------------------

ਮਾਲੇਰਕੋਟਲਾ ਜ਼ਿਲ੍ਹਾ ਪੁਲਿਸ ਨੇ ਅਮਰਗੜ੍ਹ, ਅਹਿਮਦਗੜ੍ਹ ਅਤੇ ਮਾਲੇਰਕੋਟਲਾ ਹਲਕਿਆਂ ਵਿੱਚ ਦੋ ਦਿਨਾਂ ਦੇ ਸ਼ਿਕਾਇਤ ਨਿਵਾਰਣ ਕੈਂਪ ਦਾ ਆਯੋਜਨ ਕੀਤਾ। ਸੀਨੀਅਰ ਪੁਲਿਸ ਕਪਤਾਨ ਹਰਕਮਲ ਪ੍ਰੀਤ ਸਿੰਘ ਖੱਖ ਦੀ ਅਗਵਾਈ ਵਿਚ ਆਯੋਜਿਤ ਕੈਂਪਾਂ ਵਿੱਚ ਇਲਾਕਾ ਨਿਵਾਸੀਆਂ ਦੀਆਂ ਲੰਬੇ ਸਮੇਂ ਤੋਂ ਬਕਾਇਆ 207 ਸ਼ਿਕਾਇਤਾਂ ਤੇ ਸਮੱਸਿਆਵਾਂ ਦਾ ਮੌਕੇ ਤੇ ਹੀ ਨਿਪਟਾਰਾ ਕੀਤਾ ਗਿਆ। ਵੱਖ-ਵੱਖ ਥਾਣਿਆਂ ਦੇ ਸਾਰੇ ਸਟੇਸ਼ਨ ਹਾਊਸ ਅਫਸਰਾਂ ਨੇ ਹਰੇਕ ਸ਼ਿਕਾਇਤ ਦੀ ਬਾਰੀਕੀ ਨਾਲ ਜਾਂਚ ਕੀਤੀ ਅਤੇ ਨਿਰਪੱਖ ਤੇ ਪਾਰਦਰਸ਼ੀ ਹੱਲ ਪ੍ਰਦਾਨ ਕੀਤੇ। ਸ਼ਿਕਾਇਤਾਂ ਵਿਚ ਜਾਇਦਾਦ ਦੇ ਵਿਵਾਦ, ਵਿੱਤੀ ਸ਼ਿਕਾਇਤਾਂ ਅਤੇ ਕਾਨੂੰਨ ਵਿਵਸਥਾ ਨੂੰ ਲੈ ਕੇ ਹੋਰ ਮਾਮਲੇ ਸ਼ਾਮਲ ਰਹੇ। ਇਨ੍ਹਾਂ ਕੈਂਪਾਂ ਦੌਰਾਨ ਪੁਲਿਸ ਨੇ ਇਹ ਯਕੀਨੀ ਬਣਾਇਆ ਕਿ ਹਰ ਮਾਮਲੇ ਦਾ

ਨਿਪਟਾਰਾ ਨਿਆ ਦੇ ਸਿਧਾਂਤਾਂ ਤੇ ਕਾਨੂੰਨ ਦੇ ਰਾਜ ਨੂੰ ਬਰਕਰਾਰ ਰੱਖਦੇ ਹੋਏ ਨਿਰਪੱਖਤਾ ਨਾਲ ਕੀਤਾ ਜਾਵੇ।

---------------------------------------------------------------

ਜ਼ਿਲਾ ਜਲੰਧਰ ਦੇ ਸਾਬਕਾ ਫੌਜੀਆਂ ਦੀ ਇੱਕ ਜਾਗਰੂਕਤਾ ਮੀਟਿੰਗ ਪਿੰਡ ਲਾਲੇਵਾਲੀ ਵਿੱਚ ਹੋਈ। ਬਹੁ ਮੰਤਵੀ ਸਮਾਜ ਸੇਵੀ ਸੰਸਥਾ ਦਿਸ਼ਾਦੀਪ ਦੇ ਸੰਸਥਾਪਕ ਲਾਇਨ S.M ਸਿੰਘ ਨੇ ਨੇਤਰ ਦਾਨ - ਮਹਾ ਦਾਨ ਵਿਸ਼ੇ ਤੇ ਜਾਣਕਾਰੀ ਦੇਂਦਿਆਂ ਕਿਹਾ ਕਿ ਦੇਸ਼ ਵਿੱਚ ਅੱਖਾਂ ਦਾਨ ਕਰਨ ਸਬੰਧੀ ਜਾਗਰੂਕਤਾ ਅਤੇ ਰੁਝਾਨ ਹੁਣ ਵੱਧ ਰਿਹਾ ਏ। ਉਨਾਂ ਕਿਹਾ ਕਿ ਅਪੁਸ਼ਟ ਅੰਕੜਿਆਂ ਮੁਤਾਬਕ 15 ਲੱਖ ਤੋਂ ਵੱਧ ਕਾਰਨੀਆ ਅੰਨੇਪਣ ਦੇ ਸ਼ਿਕਾਰ ਵਿਅਕਤੀ ਨੇ ਅਤੇ ਕਿਸੇ ਦੇ ਮਰਨ ਮਗਰੋਂ ਦਾਨ ਕੀਤੀਆਂ ਅੱਖਾਂ ਦਾ ਕਾਰਨੀਆ ਲਗਾ ਕੇ ਇਨਾਂ ਨੂੰ ਇਸ ਦੁਨੀਆ ਦੇ ਚਾਨਣ ਨੂੰ ਵੇਖਣ ਦਾ ਅਮੁੱਲ ਤੋਹਫ਼ਾ ਅਤੇ ਮੌਕਾ ਦਿੱਤਾ ਜਾ ਸਕਦਾ ਏ। ਉਹਨਾਂ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਉਹ ਇੱਕ ਕਾਨੂੰਨ ਬਣਾਵੇ ਜਿਸ ਵਿੱਚ ਸੜਕੀ ਹਾਦਸਿਆਂ ਦੇ ਸ਼ਿਕਾਰ ਮਿਰਤਕਾਂ ਦਾ ਕਾਰਨੀਆਂ ਪੋਸਟ ਮਾਰਟਮ ਸਮੇਂ ਕਾਨੂੰਨੀ ਤੌਰ ਲੈ ਕੇ ਅੰਨੇਪਣ ਦੇ ਸ਼ਿਕਾਰ ਲੋਕਾਂ ਲਈ ਵਰਤਿਆ ਜਾਵੇ ਤਾਂ ਜੋ ਦੇਸ਼ ਵਿੱਚ ਕਾਰਨੀਆ ਅੰਨਾਪਣ ਹਮੇਸ਼ਾ ਲਈ ਖਤਮ ਕੀਤਾ ਜਾ ਸਕੇ। ਉਹਨਾਂ ਸਾਰੇ ਸਾਬਕਾ

ਫੌਜੀਆਂ ਨੂੰ ਅਪੀਲ ਕੀਤੀ ਕਿ ਜਿਉਂਦੇ ਜੀ ਖ਼ੂਨਦਾਨ ਅਤੇ ਮਰਨ ਉਪਰੰਤ ਅੱਖਾਂ ਦਾਨ ਮੁਹਿੰਮ ਪ੍ਰਤੀ ਜਾਗਰੂਕਤਾ ਦਾ ਹੋਰ ਵਧੇਰੇ ਫੈਲਾਅ ਕਰਕੇ ਇਸ ਨੂੰ ਜਨ ਸਧਾਰਨ ਤੱਕ ਪਹੁੰਚਾਇਆ ਜਾਵੇ। ਇਸ ਸੈਮੀਨਾਰ ਵਿੱਚ ਤਰਲੋਕ ਸਿੰਘ ,ਭੁਪੇਸ਼ ਮੈਣੀ, ਅਮਰੀਕ ਸਿੰਘ ਡਾਲੋਵਾਲ ਅਤੇ ਕੁਮਾਰੀ ਸ਼੍ਰੇਆ ਮੈਣੀ ਨੇ ਮਰਨ ਉਪਰੰਤ ਆਪਣੀਆਂ ਅੱਖਾਂ ਦਾਨ ਕਰਨ ਦਾ ਪ੍ਰਤਿਗਿਆ ਪੱਤਰ ਭਰਕੇ ਸੰਸਥਾ ਨੂੰ ਸੌਂਪੇ। ਸਾਬਕਾ ਫੌਜੀਆਂ ਦੀ ਐਸੋਸੀਏਸ਼ਨ ਦੇ ਜਲੰਧਰ ਦੇ ਪ੍ਰਧਾਨ ਕੈਪਟਨ ਗੁਰਮੇਲ ਸਿੰਘ, ਤਰਸੇਮ ਲਾਲ ਸਹੋਤਾ ਅਤੇ ਸ਼ਰੇਆ ਮੈਣੀ ਨੇ ਚੋਲ ਤੇ ਕਣਕ ਦੀ ਥਾਂ ਤੇ ਮੋਟੇ ਅਨਾਜਾਂ ਨੂੰ ਅਪਣਾਉਣ, ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਅਤੇ ਨਵੀਆਂ ਵੋਟਾਂ ਬਣਾਉਣ ਬਾਰੇ ਜਾਣਕਾਰੀ ਦਿੱਤੀ।

--------------------------------------------------------

ਸੀਮਾ ਸੁਰੱਖਿਆ ਬਲ ਬੀ.ਐੱਸ.ਐੱਫ. ਤੇ ਪੰਜਾਬ ਪੁਲਿਸ ਨੇ ਗੁਰਦਾਸਪੁਰ ਜ਼ਿਲੇ ਵਿਚ ਇਕ ਸਾਂਝੇ ਆਪ੍ਰੇਸ਼ਨ ਦੌਰਾਨ 5 ਭਾਰਤੀ ਤਸਕਰਾਂ ਨੂੰ ਗ੍ਰਿਫਤਾਰ ਕਰਨ ਵਿਚ ਕਾਮਯਾਬੀ ਹਾਸਲ ਕੀਤੀ ਏ। ਪਾਕਿਸਤਾਨ ਤੋਂ ਡਰੋਨ ਰਾਹੀਂ ਆਈ ਖੇਪ ਨੂੰ ਜ਼ਬਤ ਕਰਨ ਤੋਂ ਬਾਅਦ ਬੀ ਐਸ ਐਫ ਨੇ ਮਾਮਲੇ ਨੂੰ ਅੱਗੇ ਵਧਾਇਆ ਅਤੇ ਪੰਜਾਬ ਪੁਲਿਸ ਨੂੰ

ਤਸਕਰਾਂ ਬਾਰੇ ਸੂਚਿਤ ਕੀਤਾ। ਬੀ ਐਸ ਐਫ ਦੇ ਅਧਿਕਾਰੀਆਂ ਅਨੁਸਾਰ ਗ੍ਰਿਫ਼ਤਾਰ ਤਸਕਰਾਂ ਦੇ ਪਾਕਿਸਤਾਨ ਸਥਿਤ ਤਸਕਰਾਂ ਨਾਲ ਸਬੰਧ ਸਨ ਅਤੇ ਉਹ, ਡਰੋਨ ਰਾਹੀਂ ਭਾਰਤੀ ਸਰਹੱਦ 'ਤੇ ਨਸ਼ੀਲੇ ਪਦਾਰਥਾਂ ਦੀ ਖੇਪ ਲਿਆ ਰਹੇ ਸਨ।